ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

# ਭਾਰਤ-ਪਾਕਿ ਸਰਹੱਦ ਨੇੜੇ ਰਾਜਸਥਾਨ ਦੇ ਹਿੰਦੁਮਲ ਕੋਟ ਤੋਂ ਫਾਜ਼ਿਲਕਾ 'ਚ 23 ਸਤੰਬਰ ਨੂੰ ਪ੍ਰਵੇਸ਼ ਹੋਵੇਗੀ ਕੈਮਲ ਸਫਾਰੀ ਯਾਤਰਾ- ਵਧੀਕ ਡਿਪਟੀ ਕਮਿਸ਼ਨਰ

- **ਬੇਟੀ ਬਚਾਓ ਬੇਟੀ ਪੜ੍ਹਾਓ ਦੇ ਨਾਅਰੇ ਹਿੱਤ ਸ਼ੁਰੂ ਕੀਤੀ ਗਈ ਕੈਮਲ ਸਫਾਰੀ ਯਾਤਰਾ**
- **ਗੁਜਰਾਤ ਤੋਂ ਸ਼ੁਰੂ ਹੋ ਕੇ ਰਾਜਸਥਾਨ ਰਾਹੀਂ ਪੰਜਾਬ ਪਹੁੰਚੇਗੀ ਕੈਮਲ ਸਫਾਰੀ ਯਾਤਰਾ**
- **ਯਾਤਰਾ 'ਚ ਸ਼ਾਮਿਲ ਨੇ ਭਾਰਤੀ ਵਾਯੂ ਸੇਨਾ ਦੀਆਂ ਜਾਂਬਾਜ ਬਹਾਦਰ ਮਹਿਲਾਵਾਂ**
- **25 ਸਤੰਬਰ ਨੂੰ ਬਹੁਮੰਤਵੀ ਸਟੇਡੀਅਮ ਵਿਖੇ ਹੋਵੇਗਾ ਸੱਭਿਆਚਾਰਕ ਪ੍ਰੋਗਰਾਮ**
- **ਪ੍ਰਸ਼ਾਸਨ ਵੱਲੋਂ ਸੀਮਾ ਸੁਰੱਖਿਆ ਬਲਾਂ ਨੂੰ ਦਿੱਤਾ ਜਾਵੇਗਾ ਪੂਰਾ ਸਹਿਯੋਗ**
- **ਯਾਤਰਾ ਦੇ ਅਗਾਊਂ ਪ੍ਰਬੰਧਾਂ ਨੂੰ ਲੈ ਕੇ ਅਧਿਕਾਰੀਆਂ ਨਾਲ ਕੀਤੀ ਮੀਟਿੰਗ**
- **ਪੂਰੀ ਤਨਦੇਹੀ ਤੇ ਜ਼ਿੰਮੇਵਾਰੀ ਨਾਲ ਡਿਊਟੀ ਨਿਭਾਉਣ ਦੇ ਦਿੱਤੇ ਆਦੇਸ਼**
- **22 ਸਤੰਬਰ ਨੂੰ ਹੋਵੇਗੀ ਰਿਵਿਊ ਮੀਟਿੰਗ**

ਫਾਜ਼ਿਲਕਾ 19 ਸਤੰਬਰ

ਭਾਰਤ-ਪਾਕਿ ਸੀਮਾ ਨੇੜੇ ਰਾਜਸਥਾਨ ਦੀ ਹਿੰਦੁਮਲ ਕੋਟ ਚੌਕੀ ਤੋਂ ਜ਼ਿਲ੍ਹੇ ਅੰਦਰ ਕੈਮਲ ਸਫਾਰੀ ਯਾਤਰਾ 23 ਸਤੰਬਰ ਨੂੰ ਦਾਖਲ ਹੋਵੇਗੀ। ਇਸ ਯਾਤਰਾ ਦਾ ਜ਼ਿਲ੍ਹੇ ਵਿੱਚ ਪ੍ਰਵੇਸ਼ ਹੋਣ 'ਤੇ ਭਰਵਾਂ ਸਵਾਗਤ ਕੀਤਾ ਜਾਵੇਗਾ। ਇਹ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ(ਵਿਕਾਸ) ਸ੍ਰੀ

ਰਣਬੀਰ ਸਿੰਘ ਮੁੱਧਲ ਵੱਲੋਂ ਯਾਤਰਾ ਦੇ ਅਗਾਉ ਪ੍ਰਬੰਧਾਂ ਸਬੰਧੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਕੀਤੀ ਗਈ ਮੀਟਿੰਗ ਦੌਰਾਨ ਦਿੱਤੀ। ਇਸ ਦੌਰਾਨ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀਆਂ ਡਿਉਟੀਆਂ ਲਗਾਉਂਦੇ ਹੋਏ ਉਨ੍ਹਾਂ ਨੇ ਅਧਿਕਾਰੀਆਂ ਨੂੰ ਹਦਾਇਤ ਦਿੱਤੀ ਕਿ ਉਹ ਆਪਣੀ ਡਿਉਟੀ ਪੂਰੀ ਜ਼ਿੰਮੇਵਾਰੀ ਤੇ ਤਨਦੇਹੀ ਨਾਲ ਨਿਭਾਉਣ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬੇਟੀ ਬਚਾਓ ਬੇਟੀ ਪੜ੍ਹਾਓ ਦਾ ਨਾਅਰੇ ਨੂੰ ਮੁੱਖ ਰੱਖ ਕੇ ਸੁਵਤੰਤਰਤਾ ਦਿਵਸ ਮੌਕੇ ਗੁਜਰਾਤ ਤੋਂ ਸ਼ੁਰੂ ਕੀਤੀ ਗਈ ਇਸ ਯਾਤਰਾ ਵਿੱਚ 28 ਉਠਾਂ ’ਤੇ ਸਵਾਰ ਭਾਰਤੀ ਵਾਯੂ ਸੇਨਾ ਤੇ ਸੀਮਾ ਸੁਰੱਖਿਆ ਬਲ ਦੀਆਂ ਜਾਬਾਂਜ ਬਹਾਦਰ ਮਹਿਲਾਵਾਂ ਇਸ ਕੈਮਲ ਸਫਾਰੀ ਯਾਤਰਾ ਰਾਹੀਂ ਗੁਜਰਾਤ ਤੇ ਰਾਜਸਥਾਨ ਦੇ ਸਰਹੱਦੀ ਖੇਤਰਾਂ ਤੋਂ ਹੁੰਦੇ ਹੋਏ ਰਾਜਸਥਾਨ ਦੇ ਹਿੰਦੁਮਲ ਕੋਟ ਚੌਂਕੀ ਤੋਂ ਪੰਜਾਬ ਵਿੱਚ ਪ੍ਰਵੇਸ਼ ਹੋਣਗੀਆਂ। ਉਨ੍ਹਾਂ ਦੱਸਿਆ ਕਿ ਇਸ ਦੌਰਾਨ ਸਰਹੱਦੀ ਪਿੰਡ ਬਕੈਨ ਵਾਲਾ ਵਿਖੇ ਪਿੰਡ ਵਾਸੀਆਂ ਵੱਲੋਂ ਯਾਤਰਾ ਦੇ ਸਵਾਗਤ ’ਚ ਸੱਭਿਆਚਾਰਕ ਪ੍ਰੋਗਰਾਮ ਹੋਵੇਗਾ। ਇਸ ਦੌਰਾਨ ਸੁਰੱਖਿਆ ਬਲ ਦੇ ਵਿਸ਼ੇਸ਼ ਬੈਂਡ ਦੀ ਧੁਨਾਂ ’ਤੇ ਉਠਾਂ ਵੱਲੋਂ ਆਪਣੇ ਕਰਤਬ ਦਿਖਾਏ ਜਾਣਗੇ। ਉਨ੍ਹਾਂ ਦੱਸਿਆ ਕਿ 25 ਸਤੰਬਰ ਨੂੰ ਇਹ ਯਾਤਰਾ ਸਰਹੱਦੀ ਪਿੰਡਾਂ ਤੋਂ ਹੁੰਦੀ ਹੋਈ ਫਾਜ਼ਿਲਕਾ ਦੇ ਬਹੁਮਹੱਤਵੀ ਸਟੇਡੀਅਮ ਵਿਖੇ ਪਹੁੰਚੇਗੀ।ਇਸ ਮੌਕੇ ਵੱਖ-ਵੱਖ ਸਕੂਲਾਂ, ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਜਾਵੇਗਾ।

ਵਧੀਕ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਯਾਤਰਾ ਦੇ ਪ੍ਰਬੰਧਾਂ ਲਈ ਜ਼ੋ ਵੀ ਜ਼ਿੰਮੇਵਾਰੀ ਸੌਂਪੀ ਗਈ ਹੈ ਉਸ ਨੂੰ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਇਆ ਜਾਵੇ ਤੇ

ਕਿਸੇ ਕਿਸਮ ਦੀ ਕੋਈ ਅਣਗਹਿਲੀ ਨਾ ਵਰਤੀ ਜਾਵੇ। ਉਨ੍ਹਾਂ ਦੱਸਿਆ ਕਿ ਅਗਾਉਂ ਪ੍ਰਬੰਧਾਂ ਨੂੰ ਲੈ ਕੇ ਅਗਲੀ ਰੀਵਿਊ ਮੀਟਿੰਗ 22 ਸਤੰਬਰ 2017 ਨੂੰ ਕੀਤੀ ਜਾਵੇਗੀ।

ਇਸ ਮੌਕੇ ਸਿਵਲ ਸਰਜਨ ਡਾ. ਸੁਰਿੰਦਰ ਕੁਮਾਰ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਸ੍ਰੀ ਅਰੁਨ ਜਿੰਦਲ ਤੋਂ ਇਲਾਵਾ ਬੀ.ਐਸ.ਐਫ., ਪੰਜਾਬ ਪੁਲਿਸ ਅਤੇ ਸਿੱਖਿਆ ਵਿਭਾਗ ਤੇ ਨਗਰ ਕੌਂਸਲ ਦੇ ਅਧਿਕਾਰੀ ਹਾਜ਼ਰ ਸਨ।